# ਜਿਲਾ ਮੈਜਿਸਟਰੇਟ,ਰੂਪਨਗਰ
## (ਫੁਟਕਲ ਸ਼ਾਖਾ)

ਹੁਕਮ :

(ਵਿਆਹ ਸ਼ਾਦੀਆਂ ਜਾਂ ਹੋਰ ਸਮਾਰੋਹਾਂ ਅਤੇ ਨਵੇਂ ਸਾਲ ਦੇ ਮੌਕੇ ਤੇ ਪਟਾਖੇ ਚਲਾਉਣ ਦੀ ਮਨਾਹੀ)

ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ ਵੱਲੋ ਸਿਵਲ ਰਿੱਟ ਪਟੀਸ਼ਨ ਨੰ: 23548 ਆਫ 2017 ਵਿਚ ਵਿਆਹ ਸ਼ਾਦੀਆਂ ਜਾਂ ਹੋਰ ਖੁਸ਼ੀ ਦੇ ਸਮਾਰੋਹਾਂ ਦੌਰਾਨ ਅਤੇ ਨਵੇਂ ਸਾਲ ਦੇ ਮੌਕੇ ਤੇ ਪਟਾਖੇ ਚਲਾਉਣ ਤੇ ਪਾਬੰਦੀ ਲਗਾਉਣ ਦੇ ਹੁਕਮ ਮਿਤੀ 7-12-2017 ਨੂੰ ਜਾਰੀ ਕੀਤੇ ਹਨ।

ਇਹਨਾਂ ਹੁਕਮਾਂ ਦੀ ਪਾਲਣਾ ਵਿਚ ਮੈਂ ਗੁਰਨੀਤ ਤੇਜ ਆਈ.ਏ.ਐਸ.,ਜਿਲਾ ਮੈਜਿਸਟਰੇਟ, ਰੂਪਨਗਰ ਫੌਜਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਜਿਲਾ ਰੂਪਨਗਰ ਦੀ ਹਦੂਦ ਅੰਦਰ ਵਿਆਹ ਸ਼ਾਦੀਆਂ ਜਾਂ ਹੋਰ ਖੁਸ਼ੀ ਦੇ ਸਮਾਰੋਹਾਂ ਦੌਰਾਨ ਅਤੇ ਨਵੇਂ ਸਾਲ ਦੇ ਮੌਕੇ ਤੇ ਪਟਾਖੇ ਚਲਾਉਣ ਦੀ ਮਨਾਹੀ ਕਰਦੀ ਹਾਂ।

**ਇਹ ਹੁਕਮ ਮਿਤੀ 29-12-2017 ਤੋਂ 11-01-2018 ਤੱਕ ਲਾਗੂ ਰਹੇਗਾ।**

ਇਹ ਹੁਕਮ ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਕ ਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਨ ਕੀਤਾ ਜਾਂਦਾ ਹੈ।

ਇਹ ਹੁਕਮਾਂ ਨੂੰ ਲਾਗੂ ਕਰਵਾਉਣ ਲਈ ਸੀਨੀਅਰ ਪੁਲਿਸ ਕਪਤਾਨ,ਰੂਪਨਗਰ ਜਿੰਮੇਵਾਰ ਰਹਿਣਗੇ।

ਇਹ ਹੁਕਮ ਜਿਲਾ ਲੋਕ ਸੰਪਰਕ ਅਫਸਰ,ਰੂਪਨਗਰ ਦੀ ਪ੍ਰਚਾਰ ਵੈਨ ਰਾਹੀਂ ਮੁਨਾਦੀ ਕਰਵਾਕੇ ਉਪ ਮੰਡਲ ਮੈਜਿਸਟਰੇਟਾਂ ਦੇ ਦਫਤਰਾਂ/ਤਹਿਸੀਲਦਾਰਾਂ ਦੇ ਦਫਤਰਾਂ/ਬੀ.ਡੀ.ਪੀ.ਓ/ਨਗਰ ਕੌਂਸਲਾਂ/ਨਗਰ ਪੰਚਾਇਤਾਂ ਦੇ ਨੋਟਿਸ ਬੋਰਡਾਂ ਅਤੇ ਪ੍ਰਮੁੱਖ ਥਾਵਾਂ ਤੇ ਇਸ ਦੀਆਂ ਕਾਪੀਆਂ ਚਸਪਾ ਕਰਕੇ ਤੁਰੰਤ ਲਾਗੂ ਕੀਤਾ ਜਾਵੇਗਾ।

ਇਹ ਹੁਕਮ ਮਿਤੀ 28-12-2017 ਨੂੰ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਹੇਠ ਜਾਰੀ ਕੀਤਾ ਗਿਆ ਹੈ।

ਸਹੀ/-
ਜਿਲਾ ਮੈਜਿਸਟਰੇਟ,
ਰੂਪਨਗਰ

ਪਿੱਠ ਅੰਕਣ ਨੰ: 27903-27953/ਫਸ-1 ਮਿਤੀ 28/12/2017

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ,ਪੰਜਾਬ ਸਰਕਾਰ, ਗ੍ਰਿਹ ਮਾਮਲੇ ਅਤੇ ਨਿਆਂ ਵਿਭਾਗ ,ਪੰਜਾਬ,ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ., ਰੂਪਨਗਰ ਰੇਂਜ, ਰੂਪਨਗਰ।
5. ਡੀ.ਆਈ.ਜੀ., ਸੀ.ਆਈ.ਡੀ., ਪੰਜਾਬ, ਚੰਡੀਗੜ੍ਹ।
6. ਸਮੂਹ ਜਿਲਾ ਮੈਜਿਸਟਰੇਟ, ਅਜੀਤਗੜ੍ਹ (ਮੋਹਾਲੀ), ਪਟਿਆਲਾ, ਫਤਿਹਗੜ੍ਹ ਸਾਹਿਬ, ਸੰਗਰੂਰ ਬਰਨਾਲਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਫਿਰੋਜ਼ਪੁਰ, ਮਾਨਸਾ, ਮੋਗਾ, ਲੁਧਿਆਣਾ,ਜਲੰਧਰ, ਕਪੂਰਥਲਾ, ਤਰਨਤਾਰਨ, ਅਮ੍ਰਿਤਸਰ, ਗੁਰਦਾਸਪੁਰ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ), ਫਾਜਿਲਕਾ, ਪਠਾਨਕੋਟ।
7. ਡਾਇਰੈਕਟਰ, ਆਲ ਇੰਡੀਆ ਰੇਡੀਓ, ਜਲੰਧਰ।
8. ਸੀਨੀਅਰ ਪੁਲਿਸ ਕਪਤਾਨ, ਰੂਪਨਗਰ (20 ਕਾਪੀਆਂ)
9. ਜਿਲ੍ਹਾ ਸੈਸ਼ਨ ਜੱਜ,ਰੂਪਨਗਰ।
10. ਉਪ ਮੰਡਲ ਮੈਜਿਸਟਰੇਟ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ/ਮੋਰਿੰਡਾ ।
11. ਜਿਲਾ ਲੋਕ ਸੰਪਰਕ ਅਫਸਰ,ਰੂਪਨਗਰ (20 ਕਾਪੀਆਂ)
12. ਕਾਰਜਕਾਰੀ ਇੰਜੀਨੀਅਰ, ਪ੍ਰਦੂਸ਼ਣ ਕੰਟਰੋਲ ਬੋਰਡ ਫੇਸ-55,ਸਾਹਮਣੇ ਬੱਸੀ ਥੀਏਟਰ, ਐਸ.ਏ.ਐਸ., ਨਗਰ।।
13. ਤਹਿਸੀਲਦਾਰ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ/ਮੋਰਿੰਡਾ
14. ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਰੂਪਨਗਰ/ਸ੍ਰੀ ਆਨੰਦਪੁਰ ਸਾਹਿਬ/ਨੂਰਪੁਰ ਬੇਦੀ/ਸ੍ਰੀ ਚਮਕੌਰ ਸਾਹਿਬ/ ਮੋਰਿੰਡਾ।
15. ਕਾਰਜ ਸਾਧਕ ਅਫਸਰ, ਨਗਰ ਕੌਂਸਲ, ਰੂਪਨਗਰ/ਮੋਰਿੰਡਾ/ ਸ੍ਰੀ ਆਨੰਦਪੁਰ ਸਾਹਿਬ/ਨੰਗਲ
16. ਕਾਰਜ ਸਾਧਕ ਅਫਸਰ ਨਗਰ ਪੰਚਾਇਤ ਸ੍ਰੀ ਚਮਕੌਰ ਸਾਹਿਬ/ਕੀਰਤਪੁਰ ਸਾਹਿਬ
17. ਜਿਲਾ ਸੂਚਨਾ ਅਫਸਰ,ਰੂਪਨਗਰ।
18. ਪੀ.ਏ. ਟੂ ਡੀ.ਐਮ.,/ਏ.ਡੀ.ਐਮ., ਰੂਪਨਗਰ।

ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸਹਾਇਕ ਕਮਿਸ਼ਨਰ(ਜ)
ਵਾ: ਜਿਲ੍ਹਾ ਮੈਜਿਸਟਰੇਟ,
ਰੂਪਨਗਰ।